ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੯॥

ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨ ॥ ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕੌ ਮੀਨ ॥੧॥

ਬਿਖਿਅਨ ਸਿਉ ਕਾਹੇ ਰਚਿਓ

Edit with WPS Office

ਨਿਮਖ ਨ ਹੋਹਿ ਉਦਾਸ ॥ ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥੨॥

ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥ ਕਹੁ ਨਾਨਕ ਭਜ ਹਰਿ ਮਨਾ ਅਉਧ ਜਾਤੁ ਹੈ ਬੀਤਿ ॥੩॥

ਬਿਰਧ ਭਇਓ ਸੂਝੈ ਨਹੀ ਕਾਲੁ

Edit with WPS Office

ਪਹੂਚਿਓ ਆਨ ॥ ਕਹੁ ਨਾਨਕ ਨਰ ਬਾਵਰੇ ਕਿਉ ਨ ਭਜੈ ਭਗਵਾਨ ॥੪॥

ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ ॥ ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ ॥੫॥

ਪਤਿਤ ਉਧਾਰਨ ਭੈ ਹਰਨ ਹਰਿ

Edit with WPS Office

ਅਨਾਥ ਕੇ ਨਾਥ ॥ ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥ ॥੬॥

ਤਨੁ ਧਨੁ ਜਿਹ ਤੋਕਉ ਦੀਓ ਤਾਂ ਸਿਉ ਨੇਹੁ ਨ ਕੀਨ ॥ ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ ॥੭॥

ਤਨੁ ਧਨੁ ਸੰਪੈ ਸੁਖ ਦੀਓ ਅਰੁ

Edit with WPS Office

ਜਿਹ ਨੀਕੇ ਧਾਮ ॥ ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮ ॥੮॥

ਸਭ ਸੁਖ ਦਾਤਾ ਰਾਮੁ ਹੈ ਦੂਸਰ ਨਾਹਿਨ ਕੋਇ ॥ ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ ॥੯॥

ਜਿਹ ਸਿਮਰਤ ਗਤਿ ਪਾਈਐ

Edit with WPS Office

ਤਿਹਿ ਭਜੁ ਰੇ ਤੈ ਮੀਤ ॥ ਕਹੁ ਨਾਨਕ ਸੁਨੁ ਰੇ ਮਨਾ ਅਉਧ ਘਟਤ ਹੈ ਨੀਤ ॥੧੦॥

ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ ॥ ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨ ॥੧੧॥

ਘਟਿ ਘਟਿ ਮੈ ਹਰਿ ਜੂ ਬਸੈ

Edit with WPS Office

ਸੰਤਨ ਕਹਿਓ ਪੁਕਾਰਿ ॥ ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ ॥੧੨॥

ਸੁਖੁ ਦੁਖੁ ਜਿਹ ਪਰਸੈ ਨਹੀ ਲੋਭ ਮੋਹ ਅਭਿਮਾਨੁ ॥ ਕਹੁ ਨਾਨਕ ਸੁਨ ਰੇ ਮਨਾ ਸੋ ਮੂਰਤ ਭਗਵਾਨ ॥੧੩॥

ਉਸਤਤਿ ਨਿੰਦਿਆ ਨਾਹਿ ਜਿਹਿ

Edit with WPS Office

ਕੰਚਨ ਲੋਹ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੪॥

ਹਰਖ ਸੋਗ ਜਾ ਕੈ ਨਹੀ ਬੈਰੀ ਮੀਤ ਸਮਾਨ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨ ॥੧੫॥

ਭੈ ਕਾਹੂ ਕਉ ਦੇਤ ਨਹਿ ਨਹਿ

Edit with WPS Office

ਭੈ ਮਾਨਤ ਆਨਿ ॥ ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥੧੬॥

ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ ਬੈਰਾਗ ॥ ਕਹੁ ਨਾਨਕ ਸੁਨ ਰੇ ਮਨਾ ਤਿਹ ਨਰ ਮਾਥੈ ਭਾਗ ॥੧੭॥

ਜਿਹਿ ਮਾਇਆ ਮਮਤਾ ਤਜੀ

Edit with WPS Office

ਸਭ ਤੇ ਭਇਓ ਉਦਾਸ ॥ ਕਹੁ ਨਾਨਕ ਸੁਨ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥੧੮॥

ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮ ਪਛਾਨ ॥ ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨ ॥੧੯॥

ਭੈ ਨਾਸਨ ਦੁਰਮਤਿ ਹਰਨ ਕਲਿ

Edit with WPS Office

ਮੈ ਹਰਿ ਕੋ ਨਾਮ ॥ ਨਿਸ ਦਿਨਿ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ ॥੨੦॥

ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮ ॥ ਕਹੁ ਨਾਨਕ ਸੁਨ ਰੇ ਮਨਾ ਪਰਹਿ ਨ ਜਮ ਕੈ ਧਾਮ ॥੨੧॥

ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ

Edit with WPS Office

ਅਹੰਕਾਰ ॥ ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ ॥੨੨॥

ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ ॥ ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ ॥੨੩॥

ਨਿਸਿ ਦਿਨਿ ਮਾਇਆ ਕਾਰਨੇ

Edit with WPS Office

ਪ੍ਰਾਨੀ ਡੋਲਤ ਨੀਤ ॥ ਕੋਟਨ ਮੈ ਨਾਨਕ ਕੋਊ ਨਾਰਾਇਨ ਜਿਹ ਚੀਤਿ ॥੨੪॥

ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ ॥ ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨ ਮੀਤ ॥੨੫॥

ਪ੍ਰਾਨੀ ਕਛੂ ਨ ਚੇਤਈ ਮਦਿ

Edit with WPS Office

ਮਾਇਆ ਕੈ ਅੰਧ ॥ ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ ॥੨੬॥

ਜਉ ਸੁਖ ਕਉ ਚਾਹੈ ਸਦਾ ਸਰਨਿ ਰਾਮ ਕੀ ਲੇਹ ॥ ਕਹੁ ਨਾਨਕ ਸੁਨ ਰੇ ਮਨਾ ਦੁਰਲਭ ਮਾਨੁਖ ਦੇਹ ॥੨੭॥

ਮਾਇਆ ਕਾਰਨਿ ਧਾਵਹੀ ਮੂਰਖ

Edit with WPS Office

ਲੋਗ ਅਜਾਨ ॥ ਕਹੁ ਨਾਨਕ
ਬਿਨੁ ਹਰਿ ਭਜਨਿ ਬਿਰਥਾ
ਜਨਮੁ ਸਿਰਾਨ ॥੨੮॥
ਜੋ ਪ੍ਰਾਨੀ ਨਿਸਿ ਦਿਨਿ ਭਜੇ ਰੂਪ
ਰਾਮ ਤਿਹ ਜਾਨੁ ॥ ਹਰਿਜਨ
ਹਰਿ ਅੰਤਰੁ ਨਹੀ ਨਾਨਕ ਸਾਚੀ
ਮਾਨੁ ॥੨੯॥
ਮਨੁ ਮਾਇਆ ਮੈ ਫਧਿ ਰਹਿਓ

Edit with WPS Office

ਬਿਸਰਿਓ ਗੋਬਿੰਦ ਨਾਮ ॥ ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ ਕਾਮ ॥੩੦॥

ਪ੍ਰਾਨੀ ਰਾਮ ਨ ਚੇਤਈ ਮਦ ਮਾਇਆ ਕੈ ਅੰਧ ॥ ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ ॥੩੧॥

ਸੁਖ ਮੈ ਬਹੁ ਸੰਗੀ ਭਏ ਦੁਖ ਮੈ

Edit with WPS Office

ਸੰਗਿ ਨ ਕੋਇ ॥ ਕਹੁ ਨਾਨਕ ਹਰਿ ਭਜੁ ਮਨਾ ਅੰਤਿ ਸਹਾਈ ਹੋਇ ॥੩੨॥

ਜਨਮ ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ ਤ੍ਰਾਸੁ ॥ ਕਹੁ ਨਾਨਕ ਹਰਿ ਭਜੁ ਮਨਾ ਨਿਰਭੈ ਪਾਵਹਿ ਬਾਸੁ ॥੩੩॥

ਜਤਨ ਬਹੁਤੁ ਮੈ ਕਰਿ ਰਹਿਓ

Edit with WPS Office

ਮਿਟਿਓ ਨ ਮਨ ਕੋ ਮਾਨੁ ॥
ਦੁਰਮਤਿ ਸਿਉ ਨਾਨਕ ਫਧਿਓ
ਰਾਖਿ ਲੇਹੁ ਭਗਵਾਨਿ ॥੩੪॥
ਬਾਲ ਜੁਆਨੀ ਅਰੁ ਬਿਰਧ ਫੁਨਿ
ਤੀਨਿ ਅਵਸਥਾ ਜਾਨਿ ॥ ਕਹੁ
ਨਾਨਕ ਹਰਿ ਭਜਨ ਬਿਨੁ
ਬਿਰਥਾ ਸਭ ਹੀ ਮਾਨ ॥੩੫॥
ਕਰਣੋ ਹੁਤੋ ਸੁ ਨਾ ਕੀਓ ਪਰਿਓ

Edit with WPS Office

ਲੋਭ ਕੈ ਫੰਧ ॥ ਨਾਨਕ ਸਮਿਓ
ਰਮਿ ਗਇਓ ਅਬ ਕਿਉ ਰੋਵਤ
ਅੰਧ ॥੩੬॥

ਮਨੁ ਮਾਇਆ ਮੈ ਰਮਿ ਰਹਿਓ
ਨਿਕਸਤ ਨਾਹਿਨਿ ਮੀਤ ॥
ਨਾਨਕ ਮੂਰਤਿ ਚਿਤ੍ਰ ਜਿਉ
ਛਾਡਿਤ ਨਾਹਨਿ ਭੀਤ ॥੩੭॥

ਨਰ ਚਾਹਤ ਕਛੁ ਅਉਰ ਅਉਰੈ

Edit with WPS Office

ਕੀ ਅਉਰੈ ਭਈ ॥ ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ ॥੩੮॥

ਜਤਨ ਬਹੁਤ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ ॥ ਕਹੁ ਨਾਨਕ ਸੁਨ ਰੇ ਮਨਾ ਹਰਿ ਭਾਵੈ ਸੋ ਹੋਇ ॥੩੯॥

ਜਗਤੁ ਭਿਖਾਰੀ ਫਿਰਤੁ ਹੈ ਸਭ

Edit with WPS Office

ਕੋ ਦਾਤਾ ਰਾਮ ॥ ਕਹੁ ਨਾਨਕ ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ ॥੪੦॥

ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨ ॥ ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨ ॥੪੧॥

ਗਰਬੁ ਕਰਤੁ ਹੈ ਦੇਹ ਕੋ ਬਿਨਸੈ

Edit with WPS Office

ਛਿਨ ਮੈ ਮੀਤਿ ॥ ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ ॥੪੨॥

ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ ॥ ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੪੩॥

ਏਕ ਭਗਤਿ ਭਗਵਾਨ ਜਿਹ

Edit with WPS Office

ਪ੍ਰਾਨੀ ਕੈ ਨਾਹਿ ਮਨ ॥ ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨ ॥੪੪॥

ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ॥ ਨਾਨਕ ਇਹ ਬਿਧਿ ਹਰਿ ਭਜਉ ਇਕ ਮਨ ਹੁਇ ਇਕਿ ਚਿਤ ॥੪੫॥

Edit with WPS Office

ਤੀਰਥ ਬਰਤ ਅਰੁ ਦਾਨ ਕਰਿ
ਮਨ ਮੈ ਧਰੈ ਗੁਮਾਨੁ ॥ ਨਾਨਕ
ਨਿਹਫਲ ਜਾਤ ਤਿਹਿ ਜਿਉ
ਕੁੰਚਰ ਇਸਨਾਨੁ ॥੪੬॥
ਸਿਰੁ ਕੰਪਿਓ ਪਗ ਡਗਮਗੈ ਨੈਨ
ਜੋਤਿ ਤੇ ਹੀਨ ॥ ਕਹੁ ਨਾਨਕ
ਇਹ ਬਿਧਿ ਭਈ ਤਊ ਨ ਹਰਿ
ਰਸ ਲੀਨ ॥੪੭॥

Edit with WPS Office

ਨਿਜ ਕਰਿ ਦੇਖਿਓ ਜਗਤੁ ਮੈ ਕੋ ਕਾਹੂ ਕੋ ਨਾਹਿ ॥ ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ ॥੪੮॥

ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ॥ ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤ ॥੪੯॥

Edit with WPS Office

ਰਾਮ ਗਇਓ ਰਾਵਨੁ ਗਇਓ ਜਾਕਉ ਬਹੁ ਪਰਵਾਰ ॥ ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰਿ ॥੫੦॥

ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥ ਇਹ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥

Edit with WPS Office

ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੇ ਕਾਲ ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥

ਦੋਹਰਾ ॥ ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ॥ ਕਹੁ ਨਾਨਕ ਅਬ ਓਟ ਹਰਿ ਗਜਿ ਜਿਉ ਹੋਹੁ ਸਹਾਇ ॥੫੩॥

Edit with WPS Office

ਬਲੁ ਹੋਆ ਬੰਧਨ ਛੂਟੇ ਸਭ ਕਿਛੁ ਹੋਤ ਉਪਾਇ ॥ ਨਾਨਕ ਸਭ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ ॥੫੪॥

ਸੰਗ ਸਖਾ ਸਭ ਤਜਿ ਗਏ ਕੋਊ ਨ ਨਿਬਹਿਓ ਸਾਥ ॥ ਕਹੁ ਨਾਨਕ ਇਹ ਬਿਪਤ ਮੈ ਟੇਕ ਏਕ ਰਘਨਾਥ ॥੫੫॥

Edit with WPS Office

ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰ ਗੋਬਿੰਦ ॥ ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰ ਮੰਤੁ ॥੫੬॥

ਰਾਮ ਨਾਮੁ ਉਰਿ ਮੈ ਗਹਿਓ ਜਾ ਕੈ ਸਮ ਨਹੀ ਕੋਇ ॥ ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ ॥੫੭॥੧॥

Edit with WPS Office